# ਪੰਜਾਬੀ ਭਾਸ਼ਾ ਪਸਾਰ ਭਾਈਚਾਰਾ

ਹਵਾਲਾ ਨੰ:..225..........
ਮਿਤੀ :..14.02.2020........

ਸੇਵਾ ਵਿਖੇ

ਸ.ਚਰਨਜੀਤ ਸਿੰਘ ਚੰਨੀ ਜੀ
ਕੈਬਨਿਟ ਮੰਤਰੀ,
ਪੰਜਾਬ ਸਰਕਾਰ, ਚੰਡੀਗੜ੍ਹ।

ਬੇਨਤੀ: ਮਾਂ ਬੋਲੀ ਪੰਜਾਬੀ ਨੂੰ ਸਰਕਾਰ, ਰੁਜ਼ਗਾਰ, ਵਪਾਰ ਅਤੇ ਪਰਿਵਾਰ ਦੀ ਭਾਸ਼ਾ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਲੋੜੀਂਦੇ ਉਪਰਾਲੇ ਕਰਨ ਸਬੰਧੀ।

ਸ੍ਰੀ ਮਾਨ ਜੀ,

ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਨੂੰ ਬੇਹੱਦ ਖੁਸ਼ੀ ਹੈ ਕਿ ਅੰਤਰ-ਰਾਸ਼ਟਰੀ ਮਾਤ ਭਾਸ਼ਾ ਦਿਵਸ ਦੇ ਸਬੰਧ ਵਿਚ, ਪੰਜਾਬ ਦੀ ਰਾਜ ਭਾਸ਼ਾ ਪੰਜਾਬੀ ਦੇ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ।

ਭਾਈਚਾਰਾ ਆਪ ਜੀ ਦੇ ਧਿਆਨ ਵਿਚ ਲਿਆਉਣਾ ਚਾਹੁੰਦਾ ਹੈ ਕਿ ਹੇਠ ਲਿਖੇ ਯਤਨ ਕਰਕੇ ਪੰਜਾਬ ਸਰਕਾਰ ਪੰਜਾਬੀ ਭਾਸ਼ਾ ਦੇ ਵਿਕਾਸ ਦੀ ਰਫ਼ਤਾਰ ਵਿਚ ਤੇਜ਼ੀ ਲਿਆ ਸਕਦੀ ਹੈ।

1. ਪੰਜਾਬੀ ਨੂੰ ਰੁਜ਼ਗਾਰ ਦੀ ਭਾਸ਼ਾ ਬਣਾਉਣ ਲਈ ਹੇਠ ਲਿਖੇ ਯਤਨ ਲੋੜੀਂਦੇ ਹਨ ਜੀ:

(ੳ) ਪੰਜਾਬ ਪਬਲਿਕ ਸਰਵਿਸ ਕਮਿਸ਼ਨ ਪਟਿਆਲਾ ਵੱਲੋਂ ਪੰਜਾਬ ਸਰਕਾਰ ਦੀਆਂ 'ੲ' ਵਰਗ ਦੀਆਂ ਅਸਾਮੀਆਂ ਦੀ ਭਰਤੀ ਲਈ ਲਏ ਜਾਂਦੇ ਇਮਤਿਹਾਨਾਂ ਦੇ ਪ੍ਰਸ਼ਨ ਪੱਤਰ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਤਿਆਰ ਕੀਤੇ ਜਾਂਦੇ ਹਨ। ਇਹ ਪ੍ਰਸ਼ਨ ਪੱਤਰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ ਵੀ (ਦੋ ਭਾਸ਼ੀ) ਤਿਆਰ ਕੀਤੇ ਜਾਣ ਤਾਂ ਜੋ ਪੰਜਾਬੀ ਭਾਸ਼ਾ ਵਿਚ ਸਿੱਖਿਆ ਪ੍ਰਾਪਤ ਨੌਜਵਾਨਾਂ ਨੂੰ ਰੁਜ਼ਗਾਰ ਪ੍ਰਾਪਤ ਹੋ ਸਕੇ।

(ਅ) ਇਸੇ ਤਰ੍ਹਾਂ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਵੱਲੋਂ ਲਏ ਜਾਂਦੇ ਇਮਤਿਹਾਨ ਵੀ ਕੇਵਲ ਅੰਗਰੇਜ਼ੀ ਵਿਚ ਹੁੰਦੇ ਹਨ। ਇਨ੍ਹਾਂ ਨੂੰ ਵੀ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ (ਦੋ ਭਾਸ਼ੀ) ਤਿਆਰ ਕਰਾਉਣਾ ਨਿਸ਼ਚਿਤ ਕੀਤਾ ਜਾਵੇ ਜੀ।

(ੲ) ਇਸੇ ਤਰ੍ਹਾਂ ਬਾਕੀ ਸਾਰੇ ਵਿਭਾਗਾਂ ਨੂੰ ਵੀ ਇਸੇ ਤਰ੍ਹਾਂ ਦੀਆਂ ਹਦਾਇਤਾਂ ਜਾਰੀ ਕੀਤੀਆਂ ਜਾਣ ਜੀ।


**PUNJABI BHASHA PASAAR BHAICHARA**
ਸੰਪਰਕ/Contact : punjabibpbhaichara@gmail.com www.punjabibhashapasaarbhaichara.org
ਮੁੱਖ ਦਫ਼ਤਰ : 297, ਗਲੀ ਨੰ. 5, ਉਪਕਾਰ ਨਗਰ, ਸਿਵਿਲ ਲਾਈਨਜ਼, ਲੁਧਿਆਣਾ ।

2. ਪੰਜਾਬ ਸਰਕਾਰ ਵੱਲੋਂ ਪੰਜਾਬ ਦੀਆਂ ਜ਼ਿਲ੍ਹਾ ਅਦਾਲਤਾਂ ਵਿਚ ਹੁੰਦੀ ਸਾਰੀ ਕਾਨੂੰਨੀ ਪ੍ਰਕ੍ਰਿਆ ਨੂੰ ਪੰਜਾਬੀ ਵਿਚ ਕੀਤੇ ਜਾਣ ਦੀ ਵਿਵਸਥਾ ਨਵੰਬਰ 2008 ਤੋਂ ਕੀਤੀ ਗਈ ਹੈ ਜਿਸ ਨੂੰ ਲਾਗੂ ਕਰਨ ਲਈ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਪੰਜਾਬ ਸਰਕਾਰ ਨੂੰ ਕਰੀਬ 2000 ਪੰਜਾਬੀ ਦੀ ਉੱਚ/ਤਕਨੀਕੀ ਸਿੱਖਿਆ ਪ੍ਰਾਪਤ ਮੁਲਾਜ਼ਮਾਂ ਦੀ ਭਰਤੀ ਦੀ ਮੰਗ ਕੀਤੀ ਜਾ ਰਹੀ ਹੈ।

ਕ੍ਰਿਪਾ ਕਰਕੇ ਇਸ ਨੂੰ ਮੰਨਦੇ ਹੋਏ ਇਨ੍ਹਾਂ ਭਰਤੀਆਂ ਦੀ ਵਿਵਸਥਾ ਕੀਤੀ ਜਾਵੇ ਤਾਂ ਜੋ ਲੋਕਾਂ ਨੂੰ ਇਨਸਾਫ਼ ਉਨ੍ਹਾਂ ਦੀ ਮਾਤ ਭਾਸ਼ਾ ਵਿਚ ਮਿਲ ਸਕੇ।

3. ਪੰਜਾਬ ਰਾਜ ਭਾਸ਼ਾ (ਵਿਧਾਨਿਕ) ਕਮਿਸ਼ਨ ਨੂੰ ਦੁਬਾਰਾ ਸੁਰਜੀਤ ਕੀਤਾ ਜਾਵੇ ਜੀ।

4. ਸਰਕਾਰੀ ਵਿਭਾਗਾਂ ਦੀਆਂ ਵੈਬਸਾਈਟਾਂ ਤੇ ਉਪਲਬਧ ਸੂਚਨਾ ਨੂੰ ਪੰਜਾਬੀ ਵਿਚ ਵੀ ਕੀਤਾ ਜਾਵੇ ਜੀ।

5. ਪੰਜਾਬ ਰਾਜ ਵਿਚ ਸਥਿਤ ਪ੍ਰਾਈਵੇਟ ਸਕੂਲਾਂ ਵਿਚ ਬੱਚਿਆਂ ਦੇ ਪੰਜਾਬੀ ਬੋਲਣ ਤੇ ਪਾਬੰਦੀ ਲਾਈ ਜਾਂਦੀ ਹੈ ਅਤੇ ਜੁਰਮਾਨੇ ਕੀਤੇ ਜਾਂਦੇ ਹਨ। ਇਨ੍ਹਾਂ ਨੂੰ ਹਟਾਏ ਜਾਣ ਅਤੇ ਇਨ੍ਹਾਂ ਹੁਕਮਾਂ ਨੂੰ ਨਾ ਮੰਨਣ ਦੀ ਸੂਰਤ ਵਿਚ ਸਕੂਲਾਂ ਦੀ ਮਾਨਤਾ ਰੱਦ ਕਰਨ ਦੀ ਵਿਵਸਥਾ ਕੀਤੀ ਜਾਵੇ ਜੀ।

6. ਸਕੂਲਾਂ ਵਿਚ ਪਹਿਲੀ ਤੋਂ ਦਸਵੀਂ ਜਮਾਤ ਤੱਕ ਦੀ ਲਾਜ਼ਮੀ ਪੜ੍ਹਾਈ ਸੁਨਿਸ਼ਚਿਤ ਕੀਤੀ ਜਾਵੇ ਅਤੇ ਇਹ ਉੱਚ ਪੱਧਰ ਦੀ ਹੋਵੇ ਜੀ।

ਧੰਨਵਾਦ ਸਹਿਤ।

ਹਿਤੂ

(ਮਿੱਤਰ ਸੈਨ ਮੀਤ) (ਸੁਖਿੰਦਰ ਪਾਲ ਸਿੰਘ) (ਹਰਬਖ਼ਸ਼ ਸਿੰਘ ਗਰੇਵਾਲ)

(ਲਖਬੀਰ ਸਿੰਘ ਸਿਧਾਣਾ) (ਚਮਕੌਰ ਸਿੰਘ)

<u>**ਨੱਥੀ:**</u>

ਉਪਰੋਕਤ ਸਬੰਧੀ ਵਿਭਾਗਾਂ ਨੂੰ ਕੀਤੇ ਗਏ ਪੱਤਰ ਵਿਹਾਰ ਦੀਆਂ ਨਕਲਾਂ ਨੱਥੀ ਹਨ ਜੀ।